# ਵਰਲਡ ਪੰਜਾਬੀ ਟਾਈਮਜ਼

# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਵਿਧਾਇਕ ਸੇਖੋਂ ਨੇ ਪਿੰਡ ਢਿੱਲਵਾਂ ਖੁਰਦ ਅਤੇ ਭਾਗਥਲਾ ਕਲਾਂ ਵਿਖੇ ਆਯੁਸ਼ਮਾਨ ਭਾਰਤ ਹੈਲਥ ਐਂਡ ਵੈਲਨੈੱਸ ਸੈਂਟਰ ਦਾ ਉਦਘਾਟਨ ਕੀਤਾ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 12 ਸਤੰਬਰ : ਪਿੰਡਾਂ ਵਿੱਚ ਸਿਹਤ ਸਹੂਲਤਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਪਿੰਡ ਢਿੱਲਵਾਂ ਖੁਰਦ ਤੇ ਭਾਗਥਲਾ ਕਲਾਂ ਵਿਖੇ ਆਯੁਸ਼ਮਾਨ ਭਾਰਤ ਹੈਲਥ ਐਂਡ ਵੈਲਨੈੱਸ ਸੈਂਟਰ ਦਾ ਉਦਘਾਟਨ ਕੀਤਾ। ਇਸ ਮੌਕੇ ਸ. ਸੇਖੋਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਮਿਆਰੀ ਅਤੇ ਸੁਖਾਲੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸਿਹਤ ਸੇਵਾਵਾਂ ਦਾ ਢਾਂਚਾ ਮਜ਼ਬੂਤ ਹੋਣ ਨਾਲ ਲੋਕਾਂ ਨੂੰ ਮੁੱਢਲੀਆਂ ਸਿਹਤ ਸਹੂਲਤਾਂ ਆਪਣੇ ਘਰਾਂ ਦੇ ਨੇੜੇ ਹੀ ਉਪਲਬਧ ਹੋਣਗੀਆਂ ਅਤੇ ਉਨ੍ਹਾਂ ਨੂੰ ਛੋਟੀਆਂ-ਮੋਟੀਆਂ ਸਿਹਤ ਸਮੱਸਿਆਵਾਂ ਲਈ ਦੂਰ-ਦੁਰਾਡੇ ਜਾਣ ਦੀ ਲੋੜ ਨਹੀਂ ਪਵੇਗੀ। ਉਨ੍ਹਾਂ ਕਿਹਾ ਕਿ ਸਿਹਤ ਸਹੂਲਤਾਂ ਨੂੰ ਪਿੰਡ ਪੱਧਰ ਤਕ ਮਜ਼ਬੂਤ ਕਰਨਾ ਸਰਕਾਰ ਦੀ ਲੋਕ-ਪੱਖੀ ਸੋਚ ਦਾ ਅਹਿਮ ਹਿੱਸਾ ਹੈ। ਹੈਲਥ ਐਂਡ ਵੈਲਨੈੱਸ ਸੈਂਟਰ ਰਾਹੀਂ ਇਲਾਕਾ ਵਾਸੀਆਂ ਨੂੰ ਮੁੱਢਲੀਆਂ ਸਿਹਤ ਸੇਵਾਵਾਂ ਦੇ ਨਾਲ-ਨਾਲ ਸਿਹਤ ਸਬੰਧੀ ਜਾਗਰੂਕਤਾ, ਬਿਮਾਰੀਆਂ ਦੀ ਮੁੱਢਲੀ ਜਾਂਚ ਅਤੇ ਸਮੇਂ ਸਿਰ ਸਿਹਤ ਸਲਾਹ ਵਰਗੀਆਂ ਸਹੂਲਤਾਂ ਪ੍ਰਦਾਨ ਕਰਨ ਵਿੱਚ ਮਦਦ ਮਿਲੇਗੀ। ਇਸ ਮੌਕੇ ਵਰਿੰਦਰ ਸਿੰਘ ਹੈਰੀ ਸਰਪੰਚ ਢਿੱਲਵਾ , ਰੇਸ਼ਮ ਸਿੰਘ, ਦਵਿੰਦਰ ਸਿੰਘ ਸਰਪੰਚ ਪਿੰਡ ਭਾਗਥਲਾ ਕਲਾਂ, ਰਵਦੀਪ ਸਿੰਘ, ਜਗਜੀਤ ਸਿੰਘ ਪੱਖੀ , ਜਸਵਿੰਦਰ ਕੌਰ, ਜਗਮੋਹਨ ਸਿੰਘ ਲੱਕੀ ਚੇਅਰਮੈਨ ਪੀ.ਏ.ਡੀ.ਬੀ , ਰਵਦੀਪ ਸਿੰਘ ਘੇਨੀਵਾਲਾ ਅਤੇ ਮਾਸਟਰ ਅਮਰਜੀਤ ਸਿੰਘ ਹਾਜ਼ਰ ਸਨ।

## ਡੀ ਸੀ ਨੇ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਸ਼ਿਕਾਇਤਾਂ ਦੇ ਹੱਲ ਲਈ ਵੱਖ-ਵੱਖ ਵਿਭਾਗਾਂ ਨਾਲ ਕੀਤੀ ਸਮੀਖਿਆ ਮੀਟਿੰਗ

### ਸਬੰਧਤ ਵਿਭਾਗਾਂ ਨੂੰ ਪ੍ਰਾਪਤ ਸ਼ਿਕਾਇਤਾਂ ਦਾ ਹਰ ਸੰਭਵ ਹੱਲ ਕਰਨ ਦੇ ਦਿੱਤੇ ਆਦੇਸ਼

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ




ਕੋਟਕਪੂਰਾ, 12 ਸਤੰਬਰ : ਪੰਜਾਬ ਸਰਕਾਰ ਦੇ ਅਧਿਕਾਰਤ ਪੋਰਟਲ ‘ਤੇ ਦਰਜ ਵਪਾਰੀਆਂ ਦੀਆਂ ਸਮੱਸਿਆਵਾਂ ਅਤੇ ਮੁੱਦਿਆਂ ਦੇ ਤੁਰੰਤ ਨਿਪਟਾਰੇ ਲਈ ਪ੍ਰਸ਼ਾਸਨ ਵੱਲੋਂ ਸਰਗਰਮ ਪਹੁੰਚ ਅਪਣਾਈ ਜਾ ਰਹੀ ਹੈ। ਇਸੇ ਲੜੀ ਤਹਿਤ ਅੱਜ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਵਲੋਂ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੀ ਸਮੀਖਿਆ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਡਿਪਟੀ ਕਮਿਸ਼ਨਰ ਨੂੰ ਵੱਖ-ਵੱਖ ਵਿਭਾਗਾਂ ਜਿਵੇਂ ਪਾਵਰਕਾਮ, ਪੁਲਿਸ ਵਿਭਾਗ, ਕਰ ਤੇ ਆਬਕਾਰੀ ਵਿਭਾਗ, ਟਰਾਂਸਪੋਰਟ ਵਿਭਾਗ, ਜਲ ਸਪਲਾਈ ਅਤੇ ਸੀਵਰੇਜ ਬੋਰਡ ਨਾਲ ਸਬੰਧਤ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ । ਇਸ ਤੋਂ ਇਲਾਵਾ ਵਪਾਰੀਆਂ ਵੱਲੋਂ ਦੁਸਹਿਰੇ ਅਤੇ ਦੀਵਾਲੀ ਦੇ ਤਿਉਹਾਰ ਨੂੰ ਮੱਦੇਨਜ਼ਰ ਰੱਖਦੇ ਹੋਏ ਸ਼ਹਿਰ ਦੇ ਸੁੰਦਰੀਕਰਨ ਅਤੇ ਸੁਰੱਖਿਆ ਪ੍ਰਬੰਧਾਂ ਬਾਰੇ ਵੀ ਡਿਪਟੀ ਕਮਿਸ਼ਨਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਇਨ੍ਹਾਂ ਸਮੱਸਿਆਵਾਂ ਤੇ ਤੁਰੰਤ ਕਾਰਵਾਈ ਕਰਦਿਆਂ ਕੁਝ ਸ਼ਿਕਾਇਤਾਂ ਦਾ ਮੌਕੇ ਤੇ ਹੀ ਨਿਪਟਾਰਾ ਕੀਤਾ। ਉਨ੍ਹਾਂ ਕਿਹਾ ਕਿ ਆਨ-ਲਾਈਨ ਪ੍ਰਾਪਤ ਸ਼ਿਕਾਇਤਾਂ ਦਾ ਨਿਸ਼ਚਿਤ ਸਮੇਂ ਅੰਦਰ ਨਿਪਟਾਰਾ ਯਕੀਨੀ ਬਣਾਇਆ ਜਾਵੇ।

ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਦੇ ਵਪਾਰੀਆਂ ਨੂੰ ਵਪਾਰ ਸਬੰਧੀ ਜਾਂ ਕਿਸੇ ਵੀ ਪ੍ਰਕਾਰ ਦੀਆਂ ਆ ਰਹੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ‘ਤੇ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਵਪਾਰਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ, ਉਦਯੋਗਪਤੀਆਂ ਅਤੇ ਦੁਕਾਨਦਾਰਾਂ ਦੀਆਂ ਰੋਜ਼ਾਨਾ ਪ੍ਰਸ਼ਾਸਨਿਕ/ਕਰ ਸਬੰਧੀ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਕਰਨ ਲਈ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਕਦਮ ਚੁੱਕੇ ਜਾ ਰਹੇ ਹਨ। ਵਧੀਕ ਡਿਪਟੀ ਕਮਿਸ਼ਨਰ ਸ੍ਰੀ ਕੇਸ਼ਵ ਗੋਇਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਪ੍ਰਾਪਤ ਕੁੱਲ 41 ਸ਼ਿਕਾਇਤਾਂ ਦਾ ਹੱਲ ਕਰ ਦਿੱਤਾ ਗਿਆ ਹੈ। ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਵਿਸ਼ਵਾਸ ਦਿਵਾਇਆ ਕਿ ਤੇ ਬਾਕੀ ਰਹਿੰਦੀਆਂ ਸ਼ਿਕਾਇਤਾਂ ਨੂੰ ਸਮੇਂ ਸਿਰ ਹੱਲ ਕਰ ਲਿਆ ਜਾਵੇਗਾ। ਇਸ ਮੌਕੇ ਸ੍ਰੀ ਪੁਨੀਤ ਸ਼ਰਮਾ ਐਸ.ਡੀ.ਐਮ ਫ਼ਰੀਦਕੋਟ, ਸ੍ਰੀ ਰਜਿੰਦਰ ਸਿੰਘ ਐਸ.ਡੀ.ਐਮ ਕੋਟਕਪੂਰਾ, ਸ੍ਰੀ ਵਿਕਰਮਜੀਤ ਐਸ.ਡੀ.ਐਮ ਜੈਤੋ, ਸ੍ਰੀ ਵਰੁਣ ਨਾਗਪਾਲ ਸਹਾਇਕ ਕਮਿਸ਼ਨਰ ਸਟੇਟ ਟੈਕਸ,ਜ਼ਿਲ੍ਹਾ ਮੰਡੀ ਅਫ਼ਸਰ ਸ੍ਰੀ ਮਨੀਸ਼ ਕੁਮਾਰ, ਐਕਸੀਅਨ ਸ਼ਮਿੰਦਰ ਸਿੰਘ,ਐਕਸੀਅਨ ਨਵੀਨ ਕੁਮਾਰ, ਸ੍ਰੀ ਤ੍ਰਿਲੋਚਨ ਸਿੰਘ, ਡੀ.ਐਸ.ਪੀ, ਜ਼ਿਲ੍ਹਾ ਚੇਅਰਮੈਨ ਟਰੇਡ ਕਮਿਸ਼ਨ ਸ੍ਰੀ ਨਰੇਸ਼ ਸਿੰਗਲਾ, ਚੇਅਰਮੈਨ ਫ਼ਰੀਦਕੋਟ ਸ੍ਰੀ ਗੁਰਪ੍ਰੀਤ ਸਿੰਘ , ਸ੍ਰੀ ਰਵਿੰਦਰ ਗੋਇਲ ਚੇਅਰਮੈਨ ਕੋਟਕਪੂਰਾ, ਸ੍ਰੀ ਗੋਪਾਲ ਕ੍ਰਿਸ਼ਨ ਸ਼ੈਲੀ ਗਰਗ ਚੇਅਰਮੈਨ ਜੈਤੋ ਹਾਜ਼ਰ ਸਨ।

## ਪੰਜਾਬ ਡਿਗਰੀ ਕਾਲਜ ਵਿਖੇ ‘ਨਸ਼ਾ ਮੁਕਤ ਯੁਵਾ–ਵਿਕਸਿਤ ਭਾਰਤ’ ਸਬੰਧੀ ਜਾਗਰੂਕਤਾ ਪ੍ਰੋਗਰਾਮ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਫਰੀਦਕੋਟ, 12 ਸਤੰਬਰ : ਪੰਜਾਬ ਡਿਗਰੀ ਕਾਲਜ, ਮਹਿਮੂਆਣਾ ਵਿਖੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਅਤੇ ਸਮਾਜ ਵਿੱਚ ਨਸ਼ਾ ਮੁਕਤੀ ਦਾ ਸੰਦੇਸ਼ ਫੈਲਾਉਣ ਲਈ ‘ਨਸ਼ਾ ਮੁਕਤ ਯੁਵਾ–ਵਿਕਸਿਤ ਭਾਰਤ’ ਵਿਸ਼ੇ ’ਤੇ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਆਗਾਜ਼ ਕਾਲਜ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਪ੍ਰੀਤਇੰਦਰ ਕੌਰ ਗੌਂਦਾਰਾ ਦੁਆਰਾ ਰਸਮੀ ਜੋਤ ਜਗਾ ਕੇ ਕੀਤਾ ਗਿਆ। ਇਸ ਸੈਮੀਨਾਰ ਦੀ ਸ਼ੁਰੂਆਤ ਨਸ਼ਾ ਮੁਕਤ ਯੁਵਾ ਵਿਕਸਿਤ ਭਾਰਤ ਦੇ ਅਫਸਰ ਮਨਜੀਤ ਸਿੰਘ ਭੁੱਲਰ ਨੇ ਕੀਤੀ। ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਅਤੇ ਮੁੱਖ ਬੁਲਾਰੇ ਵਜੋਂ ਜਿਲ੍ਹਾ ਯੂਥ ਭਲਾਈ ਅਫਸਰ ਸ੍ਰੀਮਤੀ ਵੀਰਦੀਪ ਕੌਰ ਸੰਧੂ ਦੁਆਰਾ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ ਅਤੇ ਦੇਸ਼ ਦੇ ਵਿਕਾਸ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਪ੍ਰੋਫੈਸਰ ਗੁਰਵਿੰਦਰ ਸਿੰਘ (ਅੰਗਰੇਜੀ ਵਿਭਾਗ) ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ, ਸਮਾਜਿਕ ਅਤੇ ਆਰਥਿਕ ਨੁਕਸਾਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੂੰ ਸਮਝਾਇਆ ਗਿਆ ਕਿ ਨੌਜਵਾਨ ਕਿਸੇ ਵੀ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹੁੰਦੇ ਹਨ ਅਤੇ ਤੰਦਰੁਸਤ, ਸਿੱਖਿਅਤ ਅਤੇ ਨਸ਼ਾ ਮੁਕਤ ਨੌਜਵਾਨ ਹੀ ਦੇਸ਼ ਨੂੰ ਤਰੱਕੀ ਦੀਆਂ ਨਵੀਆਂ ਉਚਾਈਆਂ ਤੱਕ ਲੈ ਕੇ ਜਾ ਸਕਦੇ ਹਨ। ਵਿਦਿਆਰਥੀਆਂ ਨੇ ਵੀ ਇਸ ਮੁਹਿੰਮ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੂੰ ਸਿੱਖਿਆ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਰਚਨਾਤਮਕ ਕੰਮਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ‘ਨਸ਼ਿਆਂ ਨੂੰ ਨਾਂਹ, ਜ਼ਿੰਦਗੀ ਨੂੰ ਹਾਂ’ ਅਤੇ ‘ਨਸ਼ਾ ਮੁਕਤ ਯੁਵਾ, ਵਿਕਸਿਤ ਭਾਰਤ’ ਵਰਗੇ ਪ੍ਰਭਾਵਸ਼ਾਲੀ ਨਾਅਰਿਆਂ ਰਾਹੀਂ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕੀਤੀ ਗਈ। ਕਾਲਜ ਵਾਇਸ ਪ੍ਰਿੰਸੀਪਲ ਪ੍ਰੀਤਇੰਦਰ ਕੌਰ ਗੌਂਦਾਰਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਦੀ ਜ਼ਿੰਦਗੀ ਨੂੰ ਹੀ ਨਹੀਂ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਪ੍ਰਭਾਵਿਤ ਕਰਦਾ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਕਿਹਾ ਕਿ “ਅੱਜ ਦਾ ਨਸ਼ਾ ਮੁਕਤ ਨੌਜਵਾਨ ਹੀ ਕੱਲ੍ਹ ਦੇ ਵਿਕਸਿਤ ਭਾਰਤ ਦੀ ਮਜ਼ਬੂਤ ਨੀਂਹ ਹੈ। ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥੀਆ ਵਲੋਂ ਨਸ਼ਾ ਮੁਕਤ ਸਮਾਜ ਸਿਰਜਣ ਦਾ ਸੌਂਹ ਚੱਕ ਕੇ ਦ੍ਰਿੜ ਪ੍ਰਣ ਲਿਆ ਗਿਆ। ਇਸ ਮੌਕੇ ਪ੍ਰੋ ਹਰਵਿੰਦਰ ਪਾਲ ਸਿੰਘ, ਪ੍ਰੋ ਜਗਰਾਜ ਸਿੰਘ, ਪ੍ਰੋ ਰੋਜ਼ੀ, ਪ੍ਰੋ ਮਨਪ੍ਰੀਤ ਅਤੇ ਸਮੂਹ ਵਿਦਿਆਰਥੀ ਹਾਜ਼ਰ ਸਨ।




## ਪਟਿਆਲਾ ਦੇ ਅੰਬਰ ’ਤੇ 500 ਡਰੋਨਾਂ ਨੇ ਉਕਰੀ ਗੁਰੂ ਰਵਿਦਾਸ ਜੀ ਦੀ ਰੂਹਾਨੀ ਵਿਰਾਸਤ

### ਗੁਰੂ ਰਵਿਦਾਸ ਮਹਾਰਾਜ ਜੀ ਦਾ ਸਰਬ-ਸਾਂਝੀਵਾਲਤਾ ਦਾ ਸੁਨੇਹਾ ਹਰ ਮਨ ਤੱਕ ਪਹੁੰਚਾ ਰਹੀ ਭਗਵੰਤ ਮਾਨ ਸਰਕਾਰ- ਅਜੀਤਪਾਲ ਸਿੰਘ ਕੋਹਲੀ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 12 ਸਤੰਬਰ:ਅੱਜ ਦੇਰ ਰਾਤ ਪਟਿਆਲਾ ਦੇ ਅੰਬਰ ’ਤੇ ਉਡੇ 500 ਡਰੋਨਾਂ ਨੇ ਗੁਰੂ ਰਵਿਦਾਸ ਜੀ ਦੀ ਰੂਹਾਨੀ ਵਿਰਾਸਤ ਨੂੰ ਖੂਬਸੂਰਤੀ ਨਾਲ ਚਿਤਰਿਆ। ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ ਪਟਿਆਲਾ ਸ਼ਹਿਰੀ ਹਲਕੇ ਵਿਖੇ ਪੁਰਾਣੇ ਬੱਸ ਅੱਡੇ ’ਚ ਨਿਵੇਕਲੀ ਡਰੋਨ ਪੇਸ਼ਕਾਰੀ ਨੇ ਸੰਗਤ ਨੂੰ ਅਧਿਆਤਮਿਕਤਾ ਅਤੇ ਆਧੁਨਿਕ ਤਕਨੀਕ ਦੇ ਸੁਮੇਲ ਨਾਲ ਗੁਰੂ ਰਵਿਦਾਸ ਜੀ ਦੇ ਜੀਵਨ, ਸਿੱਖਿਆਵਾਂ ਅਤੇ ਬਾਣੀ ਨਾਲ ਰੂਬਰੂ ਕਰਵਾਇਆ।



ਇਸ ਮੌਕੇ ਸੰਗਤ ਦੇ ਰੂਪ ਵਿੱਚ ਪੁੱਜੇ ਵਿਧਾਇਕ ਪਟਿਆਲਾ ਸ਼ਹਿਰੀ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਫ਼ਲਸਫ਼ੇ ਨੂੰ ਕੇਵਲ ਸਮਾਗਮਾਂ ਤੱਕ ਸੀਮਤ ਰੱਖਣਾ ਨਹੀਂ, ਸਗੋਂ ਉਨ੍ਹਾਂ ਵੱਲੋਂ ਦਰਸਾਈ ਬਰਾਬਰੀ, ਕਿਰਤ, ਮਨੁੱਖੀ ਮਾਣ-ਸਨਮਾਨ ਅਤੇ ਭੇਦ-ਰਹਿਤ ਸਮਾਜ ਦੀ ਸੋਚ ਨੂੰ ਲੋਕ-ਚੇਤਨਾ ਦਾ ਹਿੱਸਾ ਬਣਾਉਣਾ ਹੈ। ਉਨ੍ਹਾਂ ਦੇ ਨਾਲ ਮੇਅਰ ਕੁੰਦਨ ਗੋਗੀਆ, ਸਾਬਕਾ ਚੇਅਰਮੈਨ ਸੁਰਜੀਤ ਸਿੰਘ ਅਬਲੋਵਾਲ, ਐਸ ਸੀ ਵਿੰਗ ਜੋਨ ਇੰਚਾਰਜ ਅਮਰੀਕ ਸਿੰਘ ਬੰਗੜ ਸਮੇਤ ਹੋਰ ਆਗੂ, ਸਮੂਹ ਕੌਂਸਲਰ ਅਤੇ ਪਟਿਆਲਾ ਦੀ ਸੰਗਤ ਹਾਜ਼ਰ ਸੀ।

ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਡਰੋਨ ਸ਼ੋਅ ਦੌਰਾਨ ਅੰਬਰ ’ਤੇ ਉੱਭਰਦੀਆਂ ਰੌਸ਼ਨ ਆਕ੍ਰਿਤੀਆਂ ਨੇ ਆਧੁਨਿਕ ਤਕਨੀਕ ਅਤੇ ਅਧਿਆਤਮਿਕ ਵਿਰਾਸਤ ਦਾ ਅਨੋਖਾ ਸੰਗਮ ਪੇਸ਼ ਕੀਤਾ। ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਇਹ ਪੇਸ਼ਕਾਰੀ ਖ਼ਾਸ ਤੌਰ ’ਤੇ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਜੀਵਨ, ਬਾਣੀ ਅਤੇ ਵਿਚਾਰਧਾਰਾ ਨਾਲ ਜੋੜਨ ਦਾ ਪ੍ਰਭਾਵਸ਼ਾਲੀ ਮਾਧਿਅਮ ਬਣੀ।

ਇਸ ਮੌਕੇ ਸ਼੍ਰੋਮਣੀ ਢਾਡੀ ਦੇਸ ਰਾਜ ਲਚਕਾਣੀ ਦੇ ਢਾਡੀ ਜੱਥੇ ਨੇ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਬਾਣੀ ਨਾਲ ਸਬੰਧਤ ਢਾਡੀ ਵਾਰਾਂ ਰਾਹੀਂ ਸੰਗਤ ਨੂੰ ਨਿਹਾਲ ਕੀਤਾ।ਇਸ ਮੌਕੇ ਐਸ ਡੀ ਐਮ ਗੁਰਦੇਵ ਸਿੰਘ, ਯੂਥ ਆਗੂ ਯੁਵਰਾਜ ਜੁਨੇਜਾ, ਦੇਵਿੰਦਰ ਸਿੰਘ ਮਿੱਕੀ, ਰਣਜੀਤ ਸਿੰਘ ਚੰਡੋਕ, ਰਵਿੰਦਰਪਾਲ ਸਿੰਘ ਵਿੰਟੀ, ਗੱਜਣ ਸਿੰਘ, ਰਾਜ ਕੁਮਾਰ ਮਿਠਾਰੀਆ, ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਅਤੇ ਸੰਗਤ ਮੌਜੂਦ ਸੀ।

## ਨਾਭਾ ਵਿਖੇ ਸ਼ਾਨਦਾਰ ਡਰੋਨ ਸ਼ੋਅ ਦਾ ਸਫ਼ਲ ਆਯੋਜਨ

### ਵਿਧਾਇਕ ਦੇਵ ਮਾਨ ਤੇ ਚੇਅਰਮੈਨ ਜੱਸੀ ਸੋਹੀਆਂਵਾਲਾ ਸਮੇਤ ਹਜ਼ਾਰਾਂ ਸੰਗਤਾਂ ਨੇ ਮਾਣਿਆ ਸ਼ਾਨਦਾਰ ਡਰੋਨ ਸ਼ੋਅ ਦਾ ਆਨੰਦ

### ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਸਮਾਗਮ

ਵਰਲਡ ਪੰਜਾਬੀ ਟਾਈਮਜ਼

ਨਾਭਾ, 12 ਸਤੰਬਰ:ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਨਾਭਾ ਵਿਖੇ ਵੀ ਸ਼ਾਨਦਾਰ ਡਰੋਨ ਸ਼ੋਅ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਨਾਭਾ ਹਲਕੇ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ ਵਾਲਾ, ਐਸ ਡੀ ਐਮ ਏਪੀਐਸ ਸੋਮਲ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਆਧੁਨਿਕ ਤਕਨਾਲੋਜੀ ਅਤੇ ਅਧਿਆਤਮਿਕਤਾ ਦੇ ਅਨੋਖੇ ਸੁਮੇਲ ਵਾਲੀ ਇਸ ਪੇਸ਼ਕਾਰੀ ਦਾ ਭਰਪੂਰ ਆਨੰਦ ਮਾਣਿਆ।

ਸਰਕਾਰੀ ਰਿਪੁਦਮਨ ਕਾਲਜ ਦੇ ਸਟੇਡੀਅਮ ਵਿਖੇ ਡਰੋਨ ਸ਼ੋਅ ਦੌਰਾਨ 500 ਡਰੋਨਾਂ ਨੇ ਆਕਾਸ਼ ਵਿੱਚ ਵੱਖ-ਵੱਖ ਮਨਮੋਹਕ ਆਕ੍ਰਿਤੀਆਂ ਸਿਰਜ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ ਅਤੇ ਮਹਾਨ ਵਿਚਾਰਧਾਰਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ। ਰੌਸ਼ਨੀਆਂ ਨਾਲ ਸਜੇ ਆਕਾਸ਼ ਵਿੱਚ ਉਭਰਦੀਆਂ ਇਨ੍ਹਾਂ ਆਕ੍ਰਿਤੀਆਂ ਨੇ ਸੰਗਤ ਨੂੰ ਮੰਤਰਮੁਗਧ ਕਰ ਦਿੱਤਾ ਅਤੇ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ।



ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਅੱਜ ਵੀ ਸਮੁੱਚੀ ਮਨੁੱਖਤਾ ਲਈ ਪ੍ਰੇਰਣਾ ਦਾ ਸਰੋਤ ਹਨ। ਦੇਵ ਮਾਨ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਡਰੋਨ ਸ਼ੋਅ ਵਰਗੇ ਉਪਰਾਲੇ ਕਰਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਨੌਜਵਾਨ ਪੀੜ੍ਹੀ ਅਤੇ ਬੱਚਿਆਂ ਨੂੰ ਗੁਰੂ ਸਾਹਿਬ ਵੱਲੋਂ ਦਰਸਾਏ ਮਾਨਵਤਾ, ਸਮਾਨਤਾ, ਕਿਰਤ ਅਤੇ ਭਾਈਚਾਰਕ ਸਾਂਝ ਦੇ ਮਾਰਗ ’ਤੇ ਚੱਲਣ ਲਈ ਪ੍ਰੇਰਿਤ ਕਰਨਾ ਸਮੇਂ ਦੀ ਲੋੜ ਹੈ।

ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਡਰੋਨ ਸ਼ੋਅ ਰਾਹੀਂ ਸੰਗਤ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ ਅਤੇ ਵਿਚਾਰਧਾਰਾ ਨਾਲ ਜੋੜਨ ਦਾ ਨਿਵੇਕਲਾ ਉਪਰਾਲਾ ਕੀਤਾ ਹੈ।

ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮ ਗੁਰੂ ਸਾਹਿਬ ਦੀਆਂ ਮਹਾਨ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਉਣ ਅਤੇ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਜੀਵਨ ਤੇ ਵਿਚਾਰਧਾਰਾ ਨਾਲ ਜੋੜਨ ਦਾ ਸ਼ਲਾਘਾਯੋਗ ਕਦਮ ਹੈ। ਸਮਾਗਮ ਦੌਰਾਨ ਧਾਰਮਿਕ ਰੰਗ ਨੂੰ ਹੋਰ ਗੂੜ੍ਹਾ ਕਰਦਿਆਂ ਤਰਸੇਮ ਸਿੰਘ ਖੇਤਲਾ ਦੇ ਢਾਡੀ ਜੱਥੇ ਨੇ ਬੁਲੰਦ ਆਵਾਜ਼ ਵਿੱਚ ਵਾਰਾਂ ਪੇਸ਼ ਕੀਤੀਆਂ।

ਇਸ ਮੌਕੇ ਮੈਡਮ ਨਗਾ ਡੌਂਗ, ਐਸ ਸੀ ਵਿੰਗ ਜੋਨ ਇੰਚਾਰਜ ਅਮਰੀਕ ਸਿੰਘ ਬੰਗੜ, ਸਾਬਕਾ ਚੇਅਰਮੈਨ ਸੁਰਜੀਤ ਸਿੰਘ ਅਬਲੋਵਾਲ, ਗੁਲਾਬ ਮਾਨ, ਕਪਿਲ ਮਾਨ, ਡਾਇਰੈਕਟਰ ਯੂਥ ਡਿਵੈਲਮੈਂਟ ਬੋਰਡ ਤੇਜਿੰਦਰ ਸਿੰਘ ਖਹਿਰਾ, ਪ੍ਰਧਾਨ ਟਰੱਕ ਯੂਨੀਅਨ ਮਨਪ੍ਰੀਤ ਸਿੰਘ ਧਾਰੋਂਕੀ, ਸਰਪੰਚ ਦਵਿੰਦਰ ਸਿੰਘ ਕੁਲਾਰਾਂ, ਬਲਾਕ ਪ੍ਰਧਾਨ ਨਸ਼ਾ ਵਿਰੁੱਧ ਭੁਪਿੰਦਰ ਸਿੰਘ ਕੱਲਰਮਾਜਰੀ, ਸਾਬਕਾ ਚੇਅਰਮੈਨ ਅਮਰਦੀਪ ਸਿੰਘ ਖੰਨਾ, ਪ੍ਰਧਾਨ ਨਗਰ ਕੌਂਸਲ ਜਸਦੀਪ ਸਿੰਘ ਖੰਨਾ, ਵਾਈਸ ਪ੍ਰਧਾਨ ਹਰਪ੍ਰੀਤ ਸਿੰਘ ਪ੍ਰੀਤ, ਸ਼ੈਂਕੀ ਸਿੰਗਲਾ ਨਗਰ ਕੌਂਸਲ ਭਾਦਸੋਂ, ਜਸਵੀਰ ਸਿੰਘ ਵਜੀਦਪੁਰ, ਸੁਖਦੀਪ ਖਹਿਰਾ, ਸਿਮਰਨ ਅੜਕ ਚੌਹਾਨ, ਸੋਨੂ ਸੂਦ, ਧਰਮਿੰਦਰ ਸਿੰਘ ਸੁੱਖੇਵਾਲ, ਮਨਪ੍ਰੀਤ ਸਿੰਘ ਕਾਲੀਆ, ਜਸਕਰਨਵੀਰ ਸਿੰਘ ਤੇਜੇ, ਲਾਡੀ ਖਹਿਰਾ, ਦੀਪਾ ਰਾਮਗੜ੍ਹ, ਲਾਲੀ ਫਤਿਹਪੁਰੀਆ, ਗੋਪੀ ਫੈਜ਼ਗੜ੍ਹ ਤੇ ਸੁਖ ਘੁੰਮਣ ਚਾਸਵਾਲ, ਨਾਇਬ ਤਹਿਸੀਲਦਾਰ ਜਗਜੀਤ ਸਿੰਘ ਸਿੱਧੂ ਸਮੇਤ ਵੱਡੀ ਗਿਣਤੀ ਵਿੱਚ ਨਾਭਾ ਹਲਕਾ ਵਾਸੀ ਸੰਗਤ ਹਾਜ਼ਰ ਸੀ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ

ਵਰਲਡ ਪੰਜਾਬੀ ਟਾਈਮਜ਼
ਸੁਰਜੀਤ ਸਾਰੰਗ

ਅੱਜ ਦਾ ਦਿਨ ਪਵਿੱਤਰ, ਅੱਜ ਦੀ ਰਾਤ ਨਿਆਰੀ ਏ,
ਗੁਰੂ ਗ੍ਰੰਥ ਸਾਹਿਬ ਜੀ ਦੀ ਜੋਤ ਜਗ ਤੋਂ ਨਿਆਰੀ ਏ।

ਨਾ ਹਿੰਦੂ ਨਾ ਮੁਸਲਮਾਨ, ਸਭ ਨੂੰ ਇੱਕ ਦੱਸਿਆ,
ਮਨੁੱਖ ਦੀ ਜਾਤ ਸਭੇ ਏਕੈ ਪਹਿਚਾਨਬੋ, ਦਾ ਉਪਦੇਸ਼ ਦਿੱਤਾ।

ਬਾਣੀ ਗੁਰੂ ਗੁਰੂ ਹੈ ਬਾਣੀ, ਵਿੱਚ ਬਾਣੀ ਅੰਮ੍ਰਿਤ ਸਾਰੇ,
ਜੋ ਵੀ ਪੜ੍ਹੇ, ਜੋ ਵੀ ਸੁਣੇ, ਉਸਦੇ ਭਾਗ ਸਵਾਰੇ।

ਪੋਥੀ ਨਹੀਂ, ਇਹ ਤਾਂ ਜਗਤ ਦਾ ਗੁਰੂ ਏ,
ਭਟਕੇ ਹੋਏ ਮਨਾਂ ਦਾ, ਇਹ ਰਾਹ-ਏ-ਨੂਰ ਏ।

ਜਦੋਂ-ਜਦੋਂ ਜੁਲਮ ਨੇ ਜ਼ੋਰ ਪਾਇਆ,
ਇਸ ਬਾਣੀ ਨੇ ਹੀ ਸਾਨੂੰ ਜਿਉਣਾ ਸਿਖਾਇਆ।

ਆਓ ਅੱਜ ਪ੍ਰਣ ਕਰੀਏ,
ਬਾਣੀ ਨੂੰ ਸਿਰਫ਼ ਮੱਥਾ ਨਹੀਂ ਟੇਕਣਾ,
ਬਾਣੀ ਨੂੰ ਜੀਵਨ ਵਿੱਚ ਵਸਾਉਣਾ ਹੈ।

ਬਾਣੀ ਪੜ੍ਹਨੀ, ਬਾਣੀ ਸਮਝਣੀ, ਬਾਣੀ ਤੇ ਚੱਲਣਾ ਹੈ,
ਤਾਂ ਹੀ ਗੁਰੂ ਦਾ ਪ੍ਰਕਾਸ਼ ਪੁਰਬ ਮਨਾਉਣਾ ਸਫਲ ਹੋਵੇਗਾ।

ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ।




## ਖੇਡਾਂ ਵਤਨ ਪੰਜਾਬ ਵਿੱਚ ਮਾਊਂਟ ਲਿਟਰਾ ਜ਼ੀ ਸਕੂਲ ਦੇ ਖਿਡਾਰੀਆਂ ਨੇ ਜਿੱਤੇ 7 ਤਮਗੇ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ

ਫਰੀਦਕੋਟ, 12 ਸਤੰਬਰ :ਖੇਡਾਂ ਵਤਨ ਪੰਜਾਬ ਦੇ ਤਹਿਤ ਲੜਕੇ-ਲੜਕੀਆਂ ਫਰੀਦਕੋਟ ਬਲਾਕ ਟੂਰਨਾਮੈਂਟ ਦਾ ਆਯੋਜਨ 8 ਤੋਂ 10 ਸਤੰਬਰ 2026 ਤੱਕ ਨਹਿਰੂ ਸਟੇਡੀਅਮ, ਫਰੀਦਕੋਟ ਵਿਖੇ ਕੀਤਾ ਗਿਆ। ਇਸ ਮੁਕਾਬਲੇ ਵਿੱਚ ਮਾਊਂਟ ਲਿਟਰਾ ਜ਼ੀ ਸਕੂਲ, ਫਰੀਦਕੋਟ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ 7 ਤਮਗੇ ਆਪਣੇ ਨਾਮ ਕੀਤੇ, ਜਿਨ੍ਹਾਂ ਵਿੱਚ 3 ਸੋਨੇ, 3 ਚਾਂਦੀ ਅਤੇ 1 ਕਾਂਸੀ ਦਾ ਤਮਗਾ ਸ਼ਾਮਲ ਹੈ। ਅੰਡਰ-17 ਲੜਕੀਆਂ ਦੀ ਸ਼੍ਰੇਣੀ ਵਿੱਚ ਪਵਨਪ੍ਰੀਤ ਕੌਰ ਨੇ ਲੰਬੀ ਛਾਲ ਅਤੇ 200 ਮੀਟਰ ਦੌੜ ਵਿੱਚ ਸੋਨੇ ਦੇ ਤਮਗੇ ਜਿੱਤ ਕੇ ਸਕੂਲ ਦਾ ਮਾਣ ਵਧਾਇਆ। ਉੱਥੇ ਹੀ ਅਰਸ਼ਪ੍ਰੀਤ ਕੌਰ ਨੇ 200 ਮੀਟਰ ਦੌੜ ਵਿੱਚ ਚਾਂਦੀ ਦਾ ਤਮਗਾ ਅਤੇ 400 ਮੀਟਰ ਦੌੜ ਵਿੱਚ ਕਾਂਸੀ ਦਾ ਤਮਗਾ ਪ੍ਰਾਪਤ ਕੀਤਾ। ਅੰਡਰ-21 ਲੜਕੀਆਂ ਦੀ ਸ਼੍ਰੇਣੀ ਵਿੱਚ ਅੰਸ਼ਪ੍ਰੀਤ ਕੌਰ ਨੇ ਲੰਬੀ ਛਾਲ ਵਿੱਚ ਸੋਨੇ ਦਾ ਤਮਗਾ ਅਤੇ 200 ਮੀਟਰ ਦੌੜ ਵਿੱਚ ਚਾਂਦੀ ਦਾ ਤਮਗਾ ਹਾਸਲ ਕੀਤਾ। ਇਸੇ ਤਰ੍ਹਾਂ ਅਮਰਿੰਦਰ ਸਿੰਘ ਨੇ 100 ਮੀਟਰ ਦੌੜ ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਸਕੂਲ ਪ੍ਰਬੰਧਨ ਨੇ ਸਾਰੇ ਜੇਤੂ ਖਿਡਾਰੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਉਪਲਬਧੀ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਸਕੂਲ ਦੇ ਚੇਅਰਮੈਨ ਇੰਜੀਨੀਅਰ ਚਮਨਲਾਲ ਗੁਲਾਟੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਧਵਨ ਕੁਮਾਰ ਨੇ ਖਿਡਾਰੀਆਂ ਦੀ ਮਿਹਨਤ, ਲਗਨ ਅਤੇ ਖੇਡ ਭਾਵਨਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਦੇ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਦੇ ਡੀ.ਪੀ.ਈ. ਸ੍ਰੀ ਮਨਦੀਪ ਕੁਮਾਰ, ਸ੍ਰੀ ਮਨਜੋਧ ਸਿੰਘ ਅਤੇ ਸ੍ਰੀ ਅਮਨਦੀਪ ਸਿੰਘ ਨੂੰ ਵੀ ਖਿਡਾਰੀਆਂ ਦੀ ਇਸ ਸਫਲਤਾ ਲਈ ਹਾਰਦਿਕ ਵਧਾਈ ਦਿੱਤੀ ਗਈ।




## ਭਾਸ਼ਾ ਵਿਭਾਗ ਪੰਜਾਬ ਆਯੋਜਿਤ ਕਰੇਗਾ ਰਾਜ ਪੱਧਰੀ ਬਾਬਾ ਫ਼ਰੀਦ ਸਾਹਿਤ ਮੇਲਾ

### 19 ਸਤੰਬਰ ਤੋਂ ਪੰਜ ਦਿਨ ਚੱਲਣਗੇ ਸਾਹਿਤਕ ਸਮਾਗਮ, ਵਿਸ਼ਾਲ ਪੁਸਤਕ ਮੇਲਾ ਵੀ ਲੱਗੇਗਾ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 12 ਸਤੰਬਰ : ਭਾਸ਼ਾ ਵਿਭਾਗ ਪੰਜਾਬ ਵੱਲੋਂ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ (ਰਜਿ.), ਫ਼ਰੀਦਕੋਟ ਅਤੇ ਦੇਸ ਭਗਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਫ਼ਰੀਦਕੋਟ ਦਾ ਸਹਿਯੋਗ ਨਾਲ ਰਾਜ ਪੱਧਰੀ ਬਾਬਾ ਫ਼ਰੀਦ ਸਾਹਿਤ ਉਤਸਵ 19 ਤੋਂ 23 ਸਤੰਬਰ ਤੱਕ ਫ਼ਰੀਦਕੋਟ ਵਿਖੇ ਆਯੋਜਿਤ ਕੀਤਾ ਜਾਵੇਗਾ। ਇਸ ਮੇਲੇ ਦਾ ਸਮੁੱਚਾ ਪ੍ਰੋਗਰਾਮ ਸ੍ਰੀ ਰਾਹੁਲ ਚਾਬਾ, ਡਿਪਟੀ ਕਮਿਸ਼ਨਰ ਫਰੀਦਕੋਟ ਵੱਲੋਂ ਜਾਰੀ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ ਦੱਸਿਆ ਕਿ ਭਾਸ਼ਾ ਵਿਭਾਗ ਪੰਜਾਬ ਵੱਲੋਂ ਮਨਾਇਆ ਜਾਣ ਵਾਲਾ ਇਹ ਸਾਹਿਤ ਉਤਸਵ ਹਰ ਸਾਲ ਬਿਹਤਰ ਤੇ ਵਿਸ਼ਾਲ ਹੁੰਦਾ ਜਾ ਰਿਹਾ ਹੈ। ਜਿਸ ਦੀ ਸਾਹਿਤਕਾਰਾਂ, ਪਾਠਕਾਂ ਤੇ ਸਾਹਿਤ ਪ੍ਰੇਮੀਆਂ ਵੱਲੋਂ ਉਡੀਕ ਹੋਣ ਲੱਗੀ ਹੈ।ਇਸ ਮੇਲੇ ਦੌਰਾਨ ਸਾਹਿਤਕ ਸਮਾਗਮਾਂ ਦੇ ਸਮਾਂਤਰ ਵਿਸ਼ਾਲ ਪੁਸਤਕ ਮੇਲਾ ਵੀ ਲਗਾਇਆ ਜਾਵੇਗਾ। ਸਾਹਿਤਕ ਸਮਾਗਮਾਂ ਦੌਰਾਨ ਰੂਬਰੂ, ਲੇਖਕ ਮਿਲਣੀਆਂ ਤੇ ਕਵੀ ਦਰਬਾਰ ਕਰਵਾਇਆ ਜਾਵੇਗਾ। ਜ਼ਿਲ੍ਹਾ ਭਾਸ਼ਾ ਅਫ਼ਸਰ ਮਨਜੀਤ ਪੁਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਬਾ ਫ਼ਰੀਦ ਸਾਹਿਤ ਉਤਸਵ ਦਾ ਉਦਘਾਟਨ 19 ਸਤੰਬਰ ਨੂੰ ਸਵੇਰੇ 9:30 ਵਜੇ ਦੇਸ਼ ਭਗਤ ਪੰਡਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਫ਼ਰੀਦਕੋਟ ਵਿਖੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਕਰਨਗੇ। ਇਸ ਉਪਰੰਤ ਸਵੇਰ ਦੇ ਸੈਸ਼ਨ 'ਚ 'ਕਥਾ-ਕਾਰਵਾਂ' ਤਹਿਤ ਉੱਘੇ ਕਹਾਣੀਕਾਰ ਬਲਵਿੰਦਰ ਸਿੰਘ ਗਰੇਵਾਲ ਤੇ ਜਤਿੰਦਰ ਹਾਂਸ ਨਾਲ ਗੁਰਮੀਤ ਕੜਿਆਲਵੀ ਸੰਵਾਦ ਰਚਾਉਣਗੇ। ਸ਼ਾਮ ਦੇ ਸੈਸ਼ਨ ਦੌਰਾਨ 'ਯੁਵਾ ਸਾਹਿਤ ਦੇ ਸੰਗ' ਸਿਰਲੇਖ ਤਹਿਤ ਨੌਜਵਾਨ ਕਹਾਣੀਕਾਰ ਆਗ਼ਾਜ਼ਬੀਰ ਤੇ ਕਵੀ ਰਣਧੀਰ ਨਾਲ ਡਾ. ਗੁਰਦੀਪ ਸਿੰਘ ਢਿੱਲੋਂ ਸੰਵਾਦ ਰਚਾਉਣਗੇ। 20 ਸਤੰਬਰ ਨੂੰ ਸਵੇਰ ਦੇ ਸੈਸ਼ਨ ਦੌਰਾਨ 'ਦੇਹ ਕੀ ਸਾਖੀ' ਸਿਰਲੇਖ ਤਹਿਤ ਨਾਵਲਕਾਰ ਡਾ. ਗੁਰਮਿੰਦਰ ਸਿੰਘ ਰੂਪੋਵਾਲੀ ਨਾਲ ਅਵਤਾਰ ਸਿੰਘ ਔਲਖ ਸੰਵਾਦ ਰਚਾਉਣਗੇ। ਸ਼ਾਮ ਦੇ ਸੈਸ਼ਨ ਦੌਰਾਨ ਸਿਨੇਮਾ ਤੇ ਸਮਕਾਲ ਸਿਰਲੇਖ ਤਹਿਤ ਉੱਘੇ ਫਿਲਮਸਾਜ਼ ਜਸ ਗਰੇਵਾਲ ਨਾਲ ਡਾ. ਸੁਖਦਰਸ਼ਨ ਸਿੰਘ ਚਹਿਲ ਸੰਵਾਦ ਰਚਾਉਣਗੇ, 21 ਸਤੰਬਰ ਨੂੰ ਰੰਗਮੰਚ ਦਾ ਸਫ਼ਰ ਸਿਰਲੇਖ ਅਧੀਨ ਨਾਟਕਕਾਰ ਕੇਵਲ ਧਾਲੀਵਾਲ ਨਾਲ ਡਾ. ਜਗਦੀਪ ਸਿੰਘ ਸੰਧੂ ਵਿਚਾਰ ਚਰਚਾ ਕਰਨਗੇ। ਇਸੇ ਦਿਨ ਸ਼ਾਮ ਦੇ ਸੈਸ਼ਨ ਦੌਰਾਨ 'ਤੁਰਦੀਆਂ ਅੱਖਾਂ ਵੇਖਦੇ ਪੈਰ' ਸਿਰਲੇਖ ਤਹਿਤ ਫੋਟੋਕਾਰ ਤੇ ਵਾਰਤਕਕਾਰ ਨਿਰਲੇਪ ਸਿੰਘ ਨਾਲ ਗੁਰਪ੍ਰੀਤ ਸੰਵਾਦ ਰਚਾਉਣਗੇ, 22 ਸਤੰਬਰ ਨੂੰ ਸਵੇਰ ਦੇ ਸੈਸ਼ਨ ਦੌਰਾਨ 'ਬਾਬੇ ਬਿਸ਼ਨੇ ਦੀ ਬੈਠਕ' ਦੌਰਾਨ ਉੱਘੇ ਲੇਖਕ ਨਿੰਦਰ ਘੁਗਿਆਣਵੀ ਬਾਬੂ ਸਿੰਘ ਮਾਨ ਦੀ ਸ਼ਖ਼ਸੀਅਤ ਤੇ ਸਿਰਜਣਾ ਬਾਰੇ ਜਾਣਕਾਰੀ ਦੇਣਗੇ ਤੇ ਕੁਮਾਰ ਜਗਦੇਵ ਸਿੰਘ ਸ. ਮਾਨ ਨਾਲ ਸੰਵਾਦ ਰਚਾਉਣਗੇ। ਇਸ ਸਮਾਗਮ ਦੇ ਸਵੇਰ ਦੇ ਸੈਸ਼ਨ ਸਵੇਰੇ 10:30 ਵਜੇ ਤੇ ਬਾਅਦ ਦੁਪਹਿਰ ਦੇ ਸੈਸ਼ਨ 3:30 ਵਜੇ ਸ਼ੁਰੂ ਹੋਣਗੇ। ਇਸੇ ਦਿਨ ਸ਼ਾਮ ਦੇ ਸੈਸ਼ਨ ਦੌਰਾਨ 5:30 ਵਜੇ ਸ਼ੇਖ਼ ਫ਼ਰੀਦ ਕਵੀ ਦਰਬਾਰ ਹੋਵੇਗਾ ਅਤੇ ਡਿਪਟੀ ਕਮਿਸ਼ਨਰ ਫ਼ਰੀਦਕੋਟ ਸ੍ਰੀ ਰਾਹੁਲ ਚਾਬਾ ਮੁੱਖ ਮਹਿਮਾਨ ਹੋਣਗੇ ਅਤੇ ਸਾਬਕਾ ਲੋਕ ਸਭਾ ਮੈਂਬਰ ਪ੍ਰੋ. ਸਾਧੂ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਕਵੀ ਦਰਬਾਰ 'ਚ ਵਿਜੇ ਵਿਵੇਕ ਫ਼ਰੀਦਕੋਟ, ਗੁਰਤੇਜ ਕੋਹਾਰਵਾਲਾ ਫ਼ਿਰੋਜ਼ਪੁਰ, ਦਰਸ਼ਨ ਬੁੱਟਰ ਨਾਭਾ, ਸਵਾਮੀ ਅੰਤਰ ਨੀਰਵ ਜੰਮੂ, ਡਾ. ਰਾਜੇਸ਼ ਮੋਹਨ ਫ਼ਰੀਦਕੋਟ, ਭੁਪਿੰਦਰ ਕੌਰ ਪ੍ਰੀਤ ਸ੍ਰੀ ਮੁਕਤਸਰ ਸਾਹਿਬ, ਨੀਤੂ ਬਠਿੰਡਾ, ਦੇਵਿੰਦਰ ਸੈਫ਼ੀ ਫ਼ਰੀਦਕੋਟ, ਤ੍ਰੈਲੋਚਨ ਲੋਚੀ ਲੁਧਿਆਣਾ, ਅਜੀਤਪਾਲ ਜਟਾਣਾ ਮੋਗਾ, ਸਿਮਰਨ ਅਕਸ ਬਰਨਾਲਾ, ਬਲਕਾਰ ਔਲਖ ਸੰਗਰੂਰ ਤੇ ਸੁਨੀਲ ਚੰਦਿਆਣਵੀ ਬਲਾਚੌਰ ਸ਼ਿਰਕਤ ਕਰਨਗੇ, 23 ਸਤੰਬਰ ਨੂੰ ਬਾਅਦ ਦੁਪਹਿਰ 1 ਵਜੇ ਸ਼ੁਰੂ ਹੋਣ ਵਾਲੇ ਸਮਾਪਤੀ ਸਮਾਰੋਹ 'ਲੇਖਕ, ਪਾਠਕ ਤੇ ਪ੍ਰਕਾਸ਼ਕ' ਸਿਰਲੇਖ ਅਧੀਨ ਸਮੀਖਿਆਕਾਰਾਂ ਵਜੋਂ ਮਨਜੀਤ ਪੁਰੀ ਜ਼ਿਲ੍ਹਾ ਭਾਸ਼ਾ ਅਫ਼ਸਰ ਫ਼ਰੀਦਕੋਟ, ਡਾ. ਰਾਜੇਸ਼ ਮੋਹਨ ਪ੍ਰਿੰਸੀਪਲ ਦੇਸ਼ ਭਗਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਕੰਵਰਜੀਤ ਸਿੰਘ ਸਿੱਧੂ ਖੋਜ ਅਫ਼ਸਰ ਤੇ ਗੁਰਅੰਮ੍ਰਿਤਪਾਲ ਸਿੰਘ ਬਰਾੜ ਜਨਰਲ ਸਕੱਤਰ, ਆਲਮੀ ਪੰਜਾਬੀ ਅਦਬ ਫਾਊਂਡੇਸ਼ਨ (ਰਜਿ.) ਫ਼ਰੀਦਕੋਟ ਸ਼ਿਰਕਤ ਕਰਨਗੇ। ਇਸ ਸਮਾਗਮ ਦੇ ਸੂਤਰਧਾਰ ਪ੍ਰੋ. ਰਣਜੀਤ ਸਿੰਘ ਬਾਜਵਾ ਹੋਣਗੇ। ਭਾਸ਼ਾ ਵਿਭਾਗ ਪੰਜਾਬ ਵੱਲੋਂ ਇਹ ਸਮਾਗਮ ਜ਼ਿਲ੍ਹਾ ਪ੍ਰਸ਼ਾਸ਼ਨ ਫ਼ਰੀਦਕੋਟ ਤੇ ਮਹਾਤਮਾ ਗਾਂਧੀ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਫ਼ਰੀਦਕੋਟ ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।

## ਬੱਲੋਵਾਲ ਸੌਂਖੜੀ ਦੇ ਖੇਤਰੀ ਕੇਂਦਰ ਵਿਚ ਹਾੜ੍ਹੀ ਦੀਆਂ ਫਸਲਾਂ ਲਈ ਪੀ ਏ ਯੂ ਦਾ ਕਿਸਾਨ ਮੇਲਾ ਆਯੋਜਿਤ ਹੋਇਆ

### ਕੰਢੀ ਖੇਤਰ ਦੇ ਕਿਸਾਨ ਖੇਤੀ ਵਿਕਾਸ ਲਈ ਪੀ ਏ ਯੂ ਨਾਲ ਜੁੜਨ : ਸ ਮਾਲਵਿੰਦਰ ਸਿੰਘ ਕੰਗ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 12 ਸਤੰਬਰ : ਪੀ.ਏ.ਯੂ. ਦੇ ਹਾੜ੍ਹੀ ਦੀਆਂ ਫ਼ਸਲਾਂ ਲਈ ਕਿਸਾਨ ਮੇਲਿਆਂ ਦੇ ਸਿਲਸਿਲੇ ਵਿਚ ਅੱਜ ਡਾ ਦੇਵ ਰਾਜ ਭੂੰਬਲਾ ਖੇਤਰੀ ਖੋਜ ਕੇਂਦਰ ਬੱਲੋਵਾਲ ਸੌਂਖੜੀ ਵਿਖੇ ਕਿਸਾਨ ਮੇਲਾ ਲਗਾਇਆ ਗਿਆ। ਇਸ ਮੇਲੇ ਦੇ ਮੁੱਖ ਮਹਿਮਾਨ ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਸ ਮਾਲਵਿੰਦਰ ਸਿੰਘ ਕੰਗ ਸਨ ਜਦਕਿ ਮੇਲੇ ਦੀ ਪ੍ਰਧਾਨਗੀ ਪੀ.ਏ.ਯੂ ਦੇ ਵਾਈਸ ਚਾਂਸਲਰ ਡਾ. ਰਿਸ਼ੀਪਾਲ ਸਿੰਘ ,ਆਈ ਏ ਐੱਸ ਨੇ ਕੀਤੀ। ਇਸ ਤੋਂ ਇਲਾਵਾ ਪੀਏਯੂ ਪ੍ਰਬੰਧਕੀ ਬੋਰਡ ਦੇ ਮੈਂਬਰ ਡਾ ਅਸ਼ੋਕ ਕੁਮਾਰ, ਪੀ ਏ ਯੂ ਦੇ ਵਧੀਕ ਨਿਰਦੇਸ਼ਕ ਖੋਜ ਡਾ ਵਰਿੰਦਰ ਸਿੰਘ ਸੋਹੂ, ਨਿਰਦੇਸ਼ਕ ਪਸਾਰ ਸਿੱਖਿਆ ਡਾ ਮੱਖਣ ਸਿੰਘ ਭੁੱਲਰ, ਅਪਰ ਨਿਰਦੇਸ਼ਕ ਸੰਚਾਰ ਡਾ ਤੇਜਿੰਦਰ ਸਿੰਘ ਰਿਆੜ, ਵਧੀਕ ਨਿਰਦੇਸ਼ਕ ਪਸਾਰ ਸਿੱਖਿਆ ਡਾ ਪ੍ਰਭਜੋਧ ਸਿੰਘ ਸੰਧੂ ਅਤੇ ਯੂਨੀਵਰਸਿਟੀ ਉੱਚ ਅਧਿਕਾਰੀ ਵੀ ਮੰਚ ਤੇ ਮੌਜੂਦ ਸਨ।




ਆਪਣੇ ਮੁੱਖ ਭਾਸ਼ਣ ਵਿਚ ਸ ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੀ ਏ ਯੂ ਨੇ ਨਾ ਸਿਰਫ ਪੰਜਾਬ ਬਲਕਿ ਦੇਸ਼ ਦੀ ਕਿਸਾਨੀ ਨੂੰ ਪ੍ਰਫੁੱਲਿਤ ਕਰਨ ਵਿਚ ਲਾਸਾਨੀ ਭੂਮਿਕਾ ਨਿਭਾਈ ਹੈ। ਕਿਸਾਨਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਇਕ ਕਿੱਤੇ ਵਜੋਂ ਖੇਤੀ ਦੇ ਮਾਣ ਦੀ ਬਹਾਲੀ ਲਈ ਵੀ ਪੀ ਏ ਯੂ ਦੀ ਕਾਰਗੁਜ਼ਾਰੀ ਇਤਿਹਾਸਕ ਰਹੀ ਹੈ। ਬੱਲੋਵਾਲ ਸੌਂਖੜੀ ਖੇਤੀਬਾੜੀ ਕਾਲਜ ਅਤੇ ਖੇਤਰੀ ਖੋਜ ਕੇਂਦਰ ਦੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਸ ਕੰਗ ਨੇ ਕਿਸਾਨਾਂ ਨੂੰ ਇਸ ਗਿਆਨ ਕੇਂਦਰ ਨਾਲ ਜੁੜਨ ਲਈ ਕਿਹਾ। ਕੁਦਰਤੀ ਸਰੋਤਾਂ ਦੀ ਸੰਭਾਲ ਬਾਰੇ ਗੱਲ ਕਰਦਿਆਂ ਸੰਸਦ ਮੈਂਬਰ ਨੇ ਆਉਂਦੀਆਂ ਪੀੜ੍ਹੀਆਂ ਦੇ ਭਵਿੱਖ ਲਈ ਫਿਕਰਮੰਦੀ ਨੂੰ ਗਹਿਰੀ ਤੇ ਗੰਭੀਰ ਬਣਾਉਣ ਦੀ ਲੋੜ ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਜੇ ਵੀ ਖੇਤੀ ਤੇ ਰੁਜ਼ਗਾਰ ਦੀਆਂ ਅਪਾਰ ਸੰਭਾਵਨਾਵਾਂ ਹਨ, ਬਸ਼ਰਤੇ ਪੀ ਏ ਯੂ ਦੀਆਂ ਸਿਫਾਰਿਸ਼ਾਂ ਅਤੇ ਅਗਵਾਈ ਨੂੰ ਅਪਣਾਇਆ ਜਾਵੇ। ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਜ਼ੋਰ ਦੇ ਕੇ ਕਿਹਾ ਕਿ ਆਪਣੀਆਂ ਅਗਲੀਆਂ ਪੀੜ੍ਹੀਆਂ ਨੂੰ ਖੇਤੀ ਨਾਲ ਜੋੜ ਕੇ ਇਸ ਕਿੱਤੇ ਦੇ ਮਾਣ ਦੀ ਬਹਾਲੀ ਲਈ ਯਤਨ ਕਰਨ। ਸ ਕੰਗ ਨੇ ਕਿਸਾਨੀ ਨੂੰ ਪੁਰਜ਼ੋਰ ਸੰਦੇਸ਼ ਤਹਿਤ ਕਿਹਾ ਕਿ ਖੇਤੀ ਨੂੰ ਪ੍ਰੋਸੈਸਿੰਗ ਅਤੇ ਸਵੈ ਮੰਡੀਕਰਨ ਦੇ ਰਸਤੇ ਤੋਰਨਾ ਅੱਜ ਦੀ ਲੋੜ ਹੈ ਤਾਂ ਜੋ ਵਿਚੋਲੀਏ ਦੀ ਥਾਂ ਮੁਨਾਫਾ ਸਿੱਧਾ ਕਿਸਾਨ ਤਕ ਪੁੱਜ ਸਕੇ। ਸ ਕੰਗ ਨੇ ਮੇਲੇ ਵਿਚ ਸ਼ਾਮਿਲ ਹੋਣ ਵਾਲੇ ਕਿਸਾਨਾਂ ਨੂੰ ਹੋਰ ਕਿਸਾਨਾਂ ਤਕ ਇਸ ਮੇਲੇ ਦੀ ਆਭਾ ਪੁਚਾਉਣ ਦਾ ਸੱਦਾ ਦਿੱਤਾ ਤਾਂ ਜੋ ਹੋਰ ਲੋਕ ਗਿਆਨ ਵਿਗਿਆਨ ਦੇ ਪ੍ਰਵਾਹ ਦਾ ਹਿੱਸਾ ਬਣਨ। ਉਨ੍ਹਾਂ ਨੇ ਖਾਸ ਕਰਕੇ ਕੰਢੀ ਖੇਤਰ ਲਈ ਵਿਭਿੰਨਤਾ ਤਕਨੀਕਾਂ ਉੱਪਰ ਅਮਲ ਕਰਨ ਵਾਸਤੇ ਹਾਜ਼ਿਰ ਕਿਸਾਨਾਂ ਨੂੰ ਹੁਲਾਰਾ ਦਿੱਤਾ ਅਤੇ ਖੇਤੀ ਖਰਚਿਆਂ ਉੱਪਰ ਕਾਬੂ ਪਾਉਣ ਲਈ ਕੁਦਰਤੀ ਸਾਧਨਾਂ ਨੂੰ ਧਾਰਨ ਕਰਨ ਵਾਸਤੇ ਕਿਹਾ।

ਸ ਕੰਗ ਨੇ ਕਿਹਾ ਕਿ ਪਰਾਲੀ ਦੀ ਸੰਭਾਲ ਲਈ ਮਾਹੌਲ ਬਣਿਆ ਹੈ ਪਰ ਇਸ ਵੇਗ ਨੂੰ ਬਰਕਰਾਰ ਰੱਖਣ ਲਈ ਕਿਸਾਨਾਂ ਤੇ ਮਾਹਿਰਾਂ ਨੂੰ ਹੋਰ ਯਤਨ ਕਰਨੇ ਹੋਣਗੇ। ਉਨ੍ਹਾਂ ਨੇ ਪੰਜਾਬ ਤੇ ਖੇਤੀ ਨੂੰ ਬਚਾਉਣ ਲਈ ਸਾਂਝੇ ਯਤਨਾਂ ਦਾ ਸੱਦਾ ਦਿੱਤਾ ਤੇ ਪੰਜਾਬ ਦੇ ਬਿਹਤਰ ਭਵਿੱਖ ਲਈ ਖੇਤੀ ਦੀ ਬਿਹਤਰੀ ਨੂੰ ਲਾਜ਼ਮੀ ਕਰਾਰ ਦਿੱਤਾ।

ਵਾਈਸ ਚਾਂਸਲਰ ਡਾ.ਰਿਸ਼ੀਪਾਲ ਸਿੰਘ ਨੇ ਇਸ ਮੌਕੇ ਪ੍ਰਧਾਨਗੀ ਭਾਸ਼ਣ ਵਿਚ ਕਿਹਾ ਕਿ ਇਹ ਮੇਲੇ ਕਿਸਾਨਾਂ ਦੀਆਂ ਮੁਸ਼ਕਲਾਂ ਜਾਨਣ, ਉਨ੍ਹਾਂ ਦੇ ਅਨੁਭਵਾਂ ਤੋਂ ਸਿੱਖਣ ਅਤੇ ਉਨ੍ਹਾਂ ਨੂੰ ਸਹੀ ਮਾਰਗ ਦੱਸਣ ਦਾ ਮੌਕਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਨੇ ਪੰਜਾਬ ਦੀਆਂ ਭੂਗੋਲਿਕ ਹਾਲਤਾਂ ਦੀ ਵੱਖਰਤਾ ਦੇ ਮੱਦੇਨਜ਼ਰ ਇਨ੍ਹਾਂ ਕਿਸਾਨ ਮੇਲਿਆਂ ਦੀ ਵਿਉਂਤਬੰਦੀ ਕੀਤੀ ਹੈ ਤਾਂ ਜੋ ਪੰਜਾਬ ਦੇ ਖੇਤੀ ਦਾ ਸਮੁੱਚੇ ਤੌਰ ਤੇ ਵਿਕਾਸ ਸੰਭਵ ਹੋ ਸਕੇ। ਉਨ੍ਹਾਂ ਕਿਹਾ ਕਿ ਕਿਸਾਨ ਮੇਲਿਆਂ ਦਾ ਉਦੇਸ਼ ' ਵਿਗਿਆਨਕ ਢੰਗ ਅਪਣਾਓ, ਖੇਤੀ ਆਮਦਨ ਵਧਾਓ' ਰੱਖਿਆ ਗਿਆ ਹੈ। ਇਸ ਦਾ ਮੰਤਵ ਖੇਤੀ ਨੂੰ ਰਵਾਇਤੀ ਤਰੀਕਿਆਂ ਦੀ ਥਾਂ ਕਾਰੋਬਾਰੀ ਵਿਧੀਆਂ ਨਾਲ ਕਰਨ ਲਈ ਪੰਜਾਬ ਦੇ ਕਿਸਾਨਾਂ ਦੀ ਅਗਵਾਈ ਕਰਨੀ ਹੈ।

ਉਨ੍ਹਾਂ ਕਿਹਾ ਕਿ ਕੰਢੀ ਖੇਤਰ ਪੰਜਾਬ ਦਾ ਪਛੜਿਆ ਇਲਾਕਾ ਹੋਣ ਦੇ ਬਾਵਜੂਦ ਬੜਾ ਅਹਿਮ ਖੇਤਰ ਹੈ। ਇਸ ਦੀ ਫ਼ਸਲੀ ਅਤੇ ਵਾਤਾਵਰਣੀ ਭਿੰਨਤਾ ਬੜੀ ਖ਼ਾਸ ਹੈ। ਬੱਲੋਵਾਲ ਸੌਂਖੜੀ ਕੇਂਦਰ ਵਲੋਂ ਕੰਢੀ ਦੇ ਇਲਾਕੇ ਵਿੱਚ ਬੀਜੀਆਂ ਜਾਣ ਵਾਲੀਆਂ ਫਸਲਾਂ ਲਈ ਕੀਤੇ ਕਾਰਜ ਦਾ ਵਿਸ਼ੇਸ਼ ਉਲੇਖ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਇਲਾਕਾ ਸਿੰਚਾਈ ਲਈ ਜ਼ਿਆਦਾਤਰ ਮੀਂਹ ਦੇ ਪਾਣੀ ਉੱਪਰ ਨਿਰਭਰ ਕਰਦਾ ਹੈ, ਇਸ ਲਈ ਪੀ ਏ ਯੂ ਨੇ ਇਸ ਖੇਤਰ ਵਾਸਤੇ ਘੱਟ ਪਾਣੀ ਦੀ ਖਪਤ ਵਾਲੀਆਂ ਫਸਲਾਂ ਦੀਆਂ ਉੱਨਤ ਕਿਸਮਾਂ ਤਾਂ ਵਿਕਸਤ ਕੀਤੀਆਂ ਹੀ ਹਨ,ਨਾਲ ਹੀ ਸੂਖਮ ਸਿੰਚਾਈ ਵਿਧੀਆਂ ਵੀ ਸਾਮ੍ਹਣੇ ਲਿਆਂਦੀਆਂ ਹਨ। ਇਸ ਖੇਤਰ ਦੇ ਮੱਕੀ ਲਈ ਢੁਕਵਾਂ ਹੋਣ ਦੀ ਗੱਲ ਕਰਦਿਆਂ ਵਾਈਸ ਚਾਂਸਲਰ ਨੇ ਅੱਜ ਦੀਆਂ ਮੰਗਾਂ ਦੇ ਮੱਦੇਨਜ਼ਰ ਸਾਉਣੀ ਮੱਕੀ ਹੇਠ ਰਕਬਾ ਵਧਾਏ ਜਾਣ ਦੀ ਸਿਫਾਰਿਸ਼ ਕੀਤੀ। ਇਸਦੇ ਨਾਲ ਹੀ ਉਨ੍ਹਾਂ ਨੇ ਕੰਢੀ ਖੇਤਰ ਲਈ ਵਣ ਖੇਤੀ, ਸਬਜ਼ੀਆਂ, ਫਲਾਂ ਅਤੇ ਆਮ ਫਸਲਾਂ ਦੀਆਂ ਢੁਕਵੀਆਂ ਕਿਸਮਾਂ ਬਾਰੇ ਵੀ ਦੱਸਿਆ। ਇਸ ਤੋਂ ਬਿਨਾਂ ਸਬਜ਼ੀਆਂ, ਚਾਰਿਆਂ ਦੀਆਂ ਕਿੱਟਾਂ ਦੀ ਖਰੀਦ ਦਾ ਸੱਦਾ ਵੀ ਦਿੱਤਾ।

ਵਾਈਸ ਚਾਂਸਲਰ ਨੇ ਪੀ ਏ ਯੂ ਵਲੋਂ ਖੇਤੀ ਕਾਰੋਬਾਰ ਲਈ ਦਿੱਤੀਆਂ ਜਾਣ ਵਾਲੀਆਂ ਸਿਖਲਾਈਆਂ ਦਾ ਜ਼ਿਕਰ ਕਰਦਿਆਂ ਕਿਸਾਨਾਂ ਨੂੰ ਸਿਰਫ ਉਤਪਾਦਨ ਦੀ ਥਾਂ ਆਪਣੀ ਖੇਤੀ ਨੂੰ ਕਾਰੋਬਾਰੀ ਬਣਾਉਣ ਲਈ ਅਪੀਲ ਵੀ ਕੀਤੀ। ਉਨ੍ਹਾਂ ਨੇ ਕਿਸਾਨਾਂ ਨੂੰ ਹਾੜ੍ਹੀ ਦੀ ਭਰਪੂਰ ਫ਼ਸਲ ਅਤੇ ਅਨੁਕੂਲ ਮੌਸਮ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਪੀ.ਏ.ਯੂ. ਦੇ ਵਧੀਕ ਨਿਰਦੇਸ਼ਕ ਖੋਜ ਡਾ. ਵਰਿੰਦਰ ਸਿੰਘ ਸੋਹੂ ਨੇ ਹਾੜ੍ਹੀ ਦੀਆਂ ਫਸਲਾਂ ਬਾਰੇ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਸਾਂਝੀਆਂ ਕੀਤੀਆਂ। ਡਾ ਸੋਹੂ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਅਤੇ ਯੂਨੀਵਰਸਿਟੀ ਮਾਹਿਰਾਂ ਦੇ ਸਹਿਯੋਗ ਸਦਕਾ ਪੀ ਏ ਯੂ ਨੇ ਹੁਣ ਤਕ 991 ਤੋਂ ਵੱਧ ਕਿਸਮਾਂ ਵਿਕਸਿਤ ਕੀਤੀਆਂ ਅਤੇ 250 ਤੋਂ ਵੱਧ ਦੇਸ਼ ਨੂੰ ਕਾਸ਼ਤ ਲਈ ਦਿੱਤੀਆਂ ਹਨ।

ਡਾ ਸੋਹੂ ਨੇ ਆਉਂਦੇ ਹਾੜੀ ਸੀਜ਼ਨ ਦੌਰਾਨ ਪੀ.ਏ.ਯੂ. ਦੀਆਂ ਖੋਜ ਸਿਫ਼ਾਰਸ਼ਾਂ ਸਾਂਝੀਆਂ ਕੀਤੀਆਂ । ਉਹਨਾਂ ਨੇ ਨਵੀਆਂ ਸਿਫ਼ਾਰਸ਼ ਕੀਤੀਆਂ ਕਿਸਮਾਂ ਵਿੱਚ ਕਣਕ ਦੀ ਕਿਸਮ ਪੀ ਬੀ ਡਬਲਯੂ 887 ਅਤੇ ਪੀ ਬੀ ਡਬਲਯੂ 927 ਦਾ ਜ਼ਿਕਰ ਕੀਤਾ । ਮਸਰਾਂ ਦੀ ਕਿਸਮ ਐੱਲ ਐੱਲ 1613, ਸਰ੍ਹੋਂ ਦੀ ਕਿਸਮ ਪੰਜਾਬ ਰਾਇਆ ਕਨੋਲਾ 7 ਅਤੇ ਪੰਜਾਬ ਰਾਇਆ 813, ਬਰਸੀਮ ਦੀ ਕਿਸਮ ਬੀ ਐੱਲ 45 ਆਦਿ ਦੇ ਗੁਣਾਂ ਅਤੇ ਵਿਸ਼ੇਸ਼ਤਾਵਾਂ ਬਾਰੇ ਦੱਸਦਿਆਂ ਉਨ੍ਹਾਂ ਨੇ ਇਨ੍ਹਾਂ ਕਿਸਮਾਂ ਦਾ ਜ਼ਿਕਰ ਕੀਤਾ। ਇਸ ਦੇ ਨਾਲ ਹੀ ਉਹਨਾਂ ਨੇ ਉਤਪਾਦਨ ਅਤੇ ਪੌਦ ਸੁਰੱਖਿਆ ਤਕਨੀਕਾਂ ਵਿੱਚ ਗੁੱਲੀ ਡੰਡੇ ਦੀ ਰੋਕਥਾਮ, ਸੂਖਮ ਸਿੰਚਾਈ, ਗੋਭੀ ਸਰ੍ਹੋਂ ਅਤੇ ਤੋਰੀਆ ਦੀ ਅੰਤਰ ਫਸਲੀ ਕਾਸ਼ਤ ਦੇ ਨਾਲ-ਨਾਲ ਅਚਾਰ ਬਨਾਉਣ ਲਈ ਲੈਕਟਿਕ ਐਸਿਡ ਬੈਕਟੀਰੀਆ ਜਾਗ ਦੀ ਤਕਨਾਲੋਜੀ ਸਾਂਝੀ ਕੀਤੀ।




ਸਵਾਗਤੀ ਸ਼ਬਦ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਨੇ ਕਹੇ। ਉਨ੍ਹਾਂ ਕਿਹਾ ਕਿ ਕਿਸਾਨ ਮੇਲਿਆਂ ਨੇ ਪੰਜਾਬ ਵਿੱਚ ਅਗਾਂਹਵਧੂ ਖੇਤੀ ਦੀ ਲਹਿਰ ਉਸਾਰੀ ਹੈ ਅਤੇ ਅਨੇਕ ਕਿਸਾਨਾਂ ਨੂੰ ਮੁਨਾਫੇ ਵਾਲੀ ਖੇਤੀ ਦਾ ਪਹਿਰੇਦਾਰ ਬਣਾਇਆ ਹੈ। ਨਿਰਦੇਸ਼ਕ ਪਸਾਰ ਸਿੱਖਿਆ ਨੇ ਇਨ੍ਹਾਂ ਕਿਸਾਨ ਮੇਲਿਆਂ ਨੂੰ ਪੰਜਾਬ ਦੀ ਖੇਤੀ ਨੂੰ ਵਿਗਿਆਨਕ ਦਿਸ਼ਾ ਵਿਚ ਲਿਜਾਣ ਵਾਲੇ ਅਤੇ ਤਕਨੀਕਾਂ ਨੂੰ ਆਮ ਲੋਕਾਂ ਤਕ ਪ੍ਰਸਾਰਿਤ ਕਰਨ ਦਾ ਮਾਧਿਅਮ ਆਖਿਆ। ਉਨ੍ਹਾਂ ਕਿਹਾ ਕਿ ਇਨ੍ਹਾਂ ਮੇਲਿਆਂ ਦਾ ਪੂਰਾ ਲਾਹਾ ਲੈਣ ਲਈ ਮਾਹਿਰਾਂ ਨਾਲ ਨੇੜਲੇ ਸੰਪਰਕ ਬਣਾਏ ਜਾਣੇ ਜ਼ਰੂਰੀ ਹਨ ਤਾਂ ਜੋ ਖੇਤੀ ਨੂੰ ਹੋਰ ਮੁਨਾਫ਼ੇਯੋਗ ਬਣਾਇਆ ਜਾ ਸਕੇ।

ਪੀ ਏ ਯੂ ਦੇ ਪ੍ਰਬੰਧਕੀ ਬੋਰਡ ਦੇ ਮੈਂਬਰ ਡਾ ਅਸ਼ੋਕ ਕੁਮਾਰ ਨੇ ਵੀ ਇਸ ਮੌਕੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਕਿਸਾਨਾਂ ਨੂੰ ਵਿਕਸਿਤ ਖੇਤੀ ਤਕਨੀਕਾਂ ਅਪਣਾਉਣ ਵਾਸਤੇ ਪ੍ਰੇਰਿਤ ਕਰਦਿਆਂ ਪੀ ਏ ਯੂ ਦੀਆਂ ਸਿਫਾਰਿਸ਼ਾਂ ਮੁਤਾਬਕ ਕਿਸਮਾਂ ਦੀ ਚੋਣ ਅਤੇ ਕਾਸ਼ਤ ਢੰਗਾਂ ਨੂੰ ਅਪਣਾਉਣ ਉੱਪਰ ਜ਼ੋਰ ਦਿੱਤਾ।

ਇਸ ਮੇਲੇ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਅਗਾਂਹਵਧੂ ਕਾਰਜ ਕਰਨ ਵਾਲੇ ਕਿਸਾਨਾਂ ਦਾ ਸਨਮਾਨ ਕੀਤਾ ਗਿਆ। ਸਨਮਾਨਿਤ ਹੋਣ ਵਾਲੇ ਕਿਸਾਨਾਂ ਵਿੱਚ ਪਿੰਡ ਸਿਆਣਾ ਦੇ ਸ ਜਸਵਿੰਦਰ ਸਿੰਘ ਅਜੀਮਨ, ਪਿੰਡ ਖਾਲਿਦਪੁਰ ਦੇ ਕਿਸਾਨ ਸ ਗੁਰਜੀਤ ਸਿੰਘ ਸੈਣੀ, ਪਿੰਡ ਮਹਿ ਦੇ ਸ੍ਰੀ ਸੰਜੀਵ ਕੁਮਾਰ, ਪਿੰਡ ਰੱਤੇਵਾਲ ਦੇ ਸ ਕੁਲਦੀਪ ਸਿੰਘ ਅਤੇ ਨੈਣਵਾਲ ਦੇ ਸ ਦਿਲਜੀਤ ਸਿੰਘ ਪ੍ਰਮੁੱਖ ਹਨ। ਇਸ ਤੋਂ ਇਲਾਵਾ ਉੱਘੇ ਕਿਸਾਨ ਮਰਹੂਮ ਸ ਮਹਿੰਦਰ ਸਿੰਘ ਦੁਸਾਂਝ ਨੂੰ ਯਾਦ ਵੀ ਕੀਤਾ ਗਿਆ।

ਜਿਨ੍ਹਾਂ ਵਿਦਿਆਰਥੀਆਂ ਦਾ ਸਨਮਾਨ ਹੋਇਆ ਉਨ੍ਹਾਂ ਵਿਚ ਅਮਨਜੋਤ ਕੌਰ, ਅਰਸ਼ਦੀਪ ਸਿੰਘ, ਗੁਰਨੀਤ ਕੌਰ ਗੋਸਲ ਅਤੇ ਕੋਮਲ ਅਰੋੜਾ ਦਾ ਨਾਂ ਸ਼ਾਮਿਲ ਸੀ। ਡਾ ਦੇਵ ਰਾਜ ਭੂੰਬਲਾ ਦੇ ਸਪੁੱਤਰ ਸ੍ਰੀ ਦਵਿੰਦਰ ਭੂੰਬਲਾ ਨੂੰ ਵੀ ਸਨਮਾਨ ਚਿੰਨ੍ਹ ਨਾਲ ਨਿਵਾਜ਼ਿਆ ਗਿਆ।

ਸਮਾਗਮ ਦਾ ਸੰਚਾਲਨ ਅਪਰ ਨਿਰਦੇਸ਼ਕ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਨੇ ਕੀਤਾ। ਡਾ ਰਿਆੜ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਤੀਬਾੜੀ ਦੀ ਪ੍ਰਮਾਣਿਕ ਜਾਣਕਾਰੀ ਲਈ ਪੀ ਏ ਯੂ ਦੇ ਖੇਤੀ ਸਾਹਿਤ ਨੂੰ ਅਪਣੇ ਘਰ ਦਾ ਹਿੱਸਾ ਬਣਾਉਣ।

ਅੰਤ ਵਿੱਚ ਧੰਨਵਾਦ ਦੇ ਸ਼ਬਦ ਖੇਤੀਬਾੜੀ ਕਾਲਜ ਬੱਲੋਵਾਲ ਸੌਂਖੜੀ ਦੇ ਡੀਨ ਡਾ ਮਨਮੋਹਨਜੀਤ ਸਿੰਘ ਨੇ ਕਹੇ। ਪੀ ਏ ਯੂ ਦੇ ਵੱਖ ਵੱਖ ਵਿਸ਼ਿਆਂ ਨਾਲ ਸੰਬੰਧਿਤ ਮਾਹਿਰਾਂ ਨੇ ਕਿਸਾਨਾਂ ਨਾਲ ਸਵਾਲ ਜਵਾਬ ਸੈਸ਼ਨ ਦੌਰਾਨ ਬਹੁਤ ਸਾਰੇ ਮਸਲਿਆਂ ਬਾਰੇ ਵਿਚਾਰ ਕੀਤੀ।

ਹਾੜ੍ਹੀ ਦੀਆਂ ਫ਼ਸਲਾਂ ਬਾਰੇ ਪੀ ਏ ਯੂ ਦੇ ਖੇਤੀ ਸਾਹਿਤ ਨੂੰ ਵੀ ਪ੍ਰਧਾਨਗੀ ਮੰਡਲ ਵਲੋਂ ਜਾਰੀ ਕੀਤਾ ਗਿਆ।

ਇਸ ਮੇਲੇ ਦੌਰਾਨ ਵੱਖ ਵੱਖ ਸਵੈ ਸੇਵੀ ਸੰਸਥਾਵਾਂ, ਕਿਸਾਨ ਨਿਰਮਾਤਾ ਸੰਗਠਨਾਂ, ਨਿੱਜੀ ਕੰਪਨੀਆਂ ਤੋਂ ਇਲਾਵਾ ਪੀ ਏ ਯੂ ਦੇ ਵਿਭਾਗਾਂ ਅਤੇ ਖੇਤੀਬਾੜੀ ਵਿਭਾਗ ਨੇ ਆਪਣੀਆਂ ਸਟਾਲਾਂ ਲਗਾਈਆਂ ਸਨ। ਮੇਲੇ ਦੌਰਾਨ ਲੰਗਰ ਦੀ ਸੇਵਾ ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ ਸ੍ਰੀ ਚਮਕੌਰ ਸਾਹਿਬ ਵੱਲੋਂ ਕੀਤੀ ਗਈ। ਕਿਸਾਨਾਂ ਨੇ ਹਾੜ੍ਹੀ ਦੀਆਂ ਫ਼ਸਲਾਂ ਦੇ ਬੀਜ, ਫ਼ਲਦਾਰ ਬੂਟੇ ਅਤੇ ਖੇਤੀ ਸਾਹਿਤ ਖਰੀਦਣ ਵਿਚ ਵਿਸ਼ੇਸ਼ ਦਿਲਚਸਪੀ ਦਿਖਾਈ।

ਅੰਤ ਵਿੱਚ ਖੇਤੀਬਾੜੀ ਕਾਲਜ ਬੱਲੋਵਾਲ ਸੌਂਖੜੀ ਦੇ ਵਿਦਿਆਰਥੀਆਂ ਨੇ ਭੰਗੜੇ ਦੀ ਪੇਸ਼ਕਾਰੀ ਕੀਤੀ।